# ਦਫਤਰ ਡਿਪਟੀ ਕਮਿਸ਼ਨਰ -ਕਮ- ਜਿਲ੍ਹਾ ਮੈਜਿਸਟਰੇਟ, ਬਠਿੰਡਾ

ਨੰਬਰ PPCB BTI/2025/86-111 ਮਿਤੀ 13/01/2025

ਸੇਵਾ ਵਿਖੇ

1. ਕਮਿਸ਼ਨਰ, ਮਿਊਂਸਪਲ ਕਾਰਪੋਰੇਸ਼ਨ, ਬਠਿੰਡਾ।
2. ਉਪ-ਮੰਡਲ ਮੈਜਿਸਟਰੇਟ, ਬਠਿੰਡਾ, ਮੌੜ, ਤਲਵੰਡੀ ਸਾਬੋ ਅਤੇ ਰਾਮਪੁਰਾ ਫੂਲ।
3. ਜਿਲ੍ਹਾ ਵਣ ਅਫਸਰ, ਬਠਿੰਡਾ।
4. ਤਹਿਸੀਲਦਾਰ, ਬਠਿੰਡਾ, ਮੌੜ, ਤਲਵੰਡੀ ਸਾਬੋ ਅਤੇ ਰਾਮਪੁਰਾ ਫੂਲ।
5. ਕਾਰਜ ਸਾਧਕ ਅਫਸਰ, ਨਗਰ ਕੌਂਸਲ, ਗੋਨਿਆਣਾ, ਭੁੱਚੋ, ਰਾਮਪੁਰਾ ਫੂਲ, ਮੌੜ, ਕੋਟਫੱਤਾ, ਤਲਵੰਡੀ ਸਾਬੋ, ਸੰਗਤ, ਰਾਮਾਂ, ਭਗਤਾ, ਮਹਿਰਾਜ, ਨਥਾਣਾ, ਭਾਈ ਰੂਪਾ, ਕੋਟਸ਼ਮੀਰ, ਲਹਿਰਾ ਮੁਹਬੱਤ, ਕੋਠਾ ਗੁਰੂ ਅਤੇ ਮਲੂਕਾ।

ਵਿਸ਼ਾ- ਚਾਈਨਾ ਡੋਰ ਦੀ ਵਰਤੋਂ ਸਖਤੀ ਨਾਲ ਬੰਦ ਕਰਨ ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਜਿਵੇਂ ਕਿ ਆਪ ਨੂੰ ਪਤਾ ਹੈ ਕਿ ਬਸੰਤ ਰੁੱਤ ਦਾ ਤਿਉਹਾਰ ਨਜ਼ਦੀਕ ਹੋਣ ਕਾਰਨ ਕਈ ਦੁਕਾਨਦਾਰਾਂ ਵੱਲੋਂ ਚਾਈਨਾ ਡੋਰ ਸਟੋਰ ਕਰਨੀ ਸੁਰੂ ਕਰ ਦਿੱਤੀ ਹੈ। ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਚਾਈਨਾ ਡੋਰ ਦੀ ਵਿਕਰੀ ਅਤੇ ਵਰਤੋਂ ਉੱਪਰ ਪੂਰੇ ਪੰਜਾਬ ਵਿੱਚ ਪਾਬੰਦੀ ਹੈ ਕਿਉਂਕਿ ਇਸ ਨਾਲ ਆਮ ਲੋਕਾਂ ਤੋਂ ਇਲਾਵਾ ਬੱਚਿਆਂ ਅਤੇ ਪੰਛੀਆਂ ਨੂੰ ਜਾਨੀ ਨੁਕਸਾਨ ਦਾ ਖਤਰਾ ਬਣਿਆ ਰਹਿੰਦਾ ਹੈ।

ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਜਾਰੀ ਹਦਾਇਤਾਂ ਨੰਬਰ PPCB/2023/29228-36 ਮਿਤੀ24.11.2023 ਸਮੇਤ ਨੋਟੀਫਿਕੇਸ਼ਨ ਨੰਬਰ3/25/23-ਐਸ.ਟੀ.ਈ.4/293 ਮਿਤੀ 05.07.2023 (ਕਾਪੀ ਨੱਥੀ ਹੈ) ਅਨੁਸਾਰ ਚਾਈਨਾ ਡੋਰ ਵਰਤਨ ਵਾਲਿਆਂ ਅਤੇ ਵੇਚਣ ਵਾਲਿਆਂ ਵਿਰੁੱਧ ਦੋਸ਼ੀ ਪਾਏ ਜਾਣ ਤੇ ਉਹਨਾਂ ਨੂੰ 5 ਸਾਲ ਦੀ ਕੈਦ ਅਤੇ/ਜਾਂ 1 ਲੱਖ ਰੁਪਏ ਜੁਰਮਾਨੇ ਦਾ ਪ੍ਰਾਵਧਾਨ ਹੈ।

ਇਸ ਲਈ ਆਪ ਨੂੰ ਬੇਨਤੀ ਸਹਿਤ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਆਪ ਵੱਲੋਂ ਆਪਣੇ ਅਧੀਨ ਪੈਂਦੇ ਖੇਤਰਾਂ ਵਿੱਚ ਦੁਕਾਨਦਾਰਾਂ ਦੀ ਚੈਕਿੰਗ ਕੀਤੀ ਜਾਵੇ ਅਤੇ ਜੇਕਰ ਕੋਈ ਦੁਕਾਨਦਾਰ ਚਾਈਨਾ ਡੋਰ ਨੂੰ ਸਟੋਰ ਕਰਦਾ ਜਾਂ ਵੇਚਦਾ ਅਤੇ ਕੋਈ ਵਿਅਕਤੀ ਇਸ ਦੀ ਵਰਤੋਂ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ ਉਕਤ ਹਦਾਇਤਾਂ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

ਇਸ ਤੋਂ ਇਲਾਵਾ ਦੁਕਾਨਦਾਰਾਂ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਕੇਵਲ ਧਾਗਾ ਡੋਰ ਹੀ ਸਟੋਰ ਕਰਨ ਜਾਂ ਵੇਚਣ ਅਤੇ ਲੋਕਾਂ ਨੂੰ ਇਹ ਵੀ ਦੱਸਿਆ ਜਾਵੇ ਕਿ ਜਿਨ੍ਹਾਂ ਬੱਚਿਆਂ ਵੱਲੋਂ ਚਾਈਨਾ ਡੋਰ ਦੀ ਵਰਤੋਂ ਕੀਤੀ ਜਾਂਦੀ ਹੈ ਉਹਨਾਂ ਦੇ ਮਾਪਿਆਂ ਤੇ ਬਣਦੀ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਕੀਤੀ ਗਈ ਕਾਰਵਾਈ ਦੀ ਰਿਪੋਰਟ ਇਸ ਦਫਤਰ ਪਾਸ ਭੇਜੀ ਜਾਵੇ। ਇਹ ਲੋਕ ਹਿੱਤ ਦਾ ਕੰਮ ਹੈ ਇਸ ਲਈ ਇਸ ਨੂੰ ਪਰਮ ਅਗੇਤ ਦਿੰਦੇ ਹੋਏ ਚੈਕਿੰਗ ਰੈਗੂਲਰ ਤੌਰ ਤੇ ਕੀਤੀ ਜਾਵੇ ਅਤੇ ਕਿਸੇ ਕਿਸਮ ਦੀ ਅਣਗਹਿਲੀ ਨਾ ਵਰਤੀ ਜਾਵੇ।

ਨੱਥੀ- ਉਪਰੋਕਤ ਅਨੁਸਾਰ

ਡਿਪਟੀ ਕਮਿਸ਼ਨਰ
ਬਠਿੰਡਾ

ਟੰਕਣ: ਪੰਨਾ -2

Scanned with OKEN Scanner

ਪਿੱਠ ਅੰਕਣ ਨੰ.- PPCB BTI/2025/112-116 ਮਿਤੀ- 13/01/2025

ਇਸ ਦਾ ਇੱਕ ਉਤਾਰਾ:-

1. ਸੀਨੀਅਰ ਪੁਲਿਸ ਕਪਤਾਨ, ਬਠਿੰਡਾ ਪਾਸ ਰੈਗੂਲਰ ਚੈਕਿੰਗ ਕਰਨ ਅਤੇ ਲੋੜੀਂਦੀ ਕਾਰਵਾਈ ਕਰਨ ਸਬੰਧੀ।
2. ਕਾਰਜਕਾਰੀ ਇੰਜੀਨੀਅਰ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਬਠਿੰਡਾ।
3. ਜਿਲ੍ਹਾ ਸਿੱਖਿਆ ਅਫਸਰ (ਸੈਕੰਡਰੀ ਸਿੱਖਿਆ/ ਐਲੀਮੈਂਟਰੀ ਸਿੱਖਿਆ) ਬਠਿੰਡਾ ਪਾਸ ਭੇਜ ਕੇ ਲਿਖਿਆ ਜਾਂਦਾ ਹੈ ਕਿ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਸਵੇਰ ਦੀ ਸਭਾ ਵਿੱਚ ਸਕੂਲਾਂ ਦੇ ਬੱਚਿਆਂ ਨੂੰ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਲਈ ਜਾਗਰੂਕ ਕਰਨ।
4. ਜਿਲ੍ਹਾ ਲੋਕ ਸੰਪਰਕ ਅਫਸਰ, ਬਠਿੰਡਾ ਪਾਸ ਭੇਜ ਕੇ ਲਿਖਿਆ ਜਾਂਦਾ ਹੈ ਕਿ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਅਤੇ ਇਸ ਨੂੰ ਸਟੋਰ ਕਰਨ ਵਾਲਿਆਂ ਅਤੇ ਵਰਤਨ ਵਾਲਿਆਂ ਵਿਰੁੱਧ ਕਾਰਵਾਈ ਬਾਰੇ ਪ੍ਰੈਸ ਨੋਟ ਜਾਰੀ ਕਰਨ ਸਬੰਧੀ।

ਡਿਪਟੀ ਕਮਿਸ਼ਨਰ
ਬਠਿੰਡਾ

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ :ਜੀ-1/1 ( )2025/1274 ਮਿਤੀ: 14.01.25

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ , ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ **ਸਵੇਰ ਦੀ ਸਭਾ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੂੰ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਲਈ ਜਾਗਰੂਕ ਕਰਨਾ ਯਕੀਨੀ ਬਣਾਇਆ ਜਾਵੇ ।**

14/01/25
ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।

Scanned with OKEN Scanner